# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 22-08-2024**

ਦੇਸ਼ ਭਰ ਵਿੱਚ ਭਲਕੇ 23 ਅਗਸਤ ਨੂੰ ਪਹਿਲਾ 'ਰਾਸ਼ਟਰੀ ਪੁਲਾੜ ਦਿਵਸ' ਮਨਾਇਆ ਜਾਵੇਗਾ । ਇਸ ਸਾਲ ਦਾ ਵਿਸ਼ਾ ''ਚੰਦਰਮਾ ਨੂੰ ਛੂਹੰਦੇ ਹੋਏ ਜੀਵਨ ਨੂੰ ਛੋਹਣਾ-ਭਾਰਤ ਦੀ ਪੁਲਾੜ ਗਾਥਾ'' ਰੱਖਿਆ ਗਿਆ ਏ। ਨਵੀਂ ਦਿੱਲੀ ਸਥਿਤ ਭਾਰਤ ਮੰਡਪਮ ਵਿਖੇ ਕਰਵਾਏ ਜਾ ਰਹੇ ਮੁਖ ਸਮਾਗਮ ਦਾ ਉਦਘਾਟਨ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਕਰਨਗੇ । ਦੇਸ਼ ਦੇ ਵੱਖ ਸੂਬਿਆਂ ਵਿਚ ਵੀ ਕਈ ਸਮਾਗਮ ਕਰਵਾਏ ਜਾਣਗੇ । ਜ਼ਿਕਰਯੋਗ ਏ ਕਿ ਪਿਛਲੇ ਸਾਲ ਇਸ ਦਿਨ ਹੀ ਚੰਦਰਯਾਨ- 3 ਮਿਸ਼ਨ ਦੌਰਾਨ, ਵਿਕਰਮ ਲੈਂਡਰ ਦੀ ਚੰਦਰਮਾ ਦੀ ਸਤ੍ਹਾ 'ਤੇ ਸੁਰੱਖਿਅਤ ਤੇ ਸਾਫਟ ਲੈਂਡਿੰਗ ਹੋਈ ਸੀ। ਇਸ ਨਾਲ ਭਾਰਤ ਚੰਦਰਮਾ 'ਤੇ ਉਤਰਨ ਵਾਲਾ ਚੌਥਾ ਅਤੇ ਚੰਦਰਮਾ ਦੇ ਦੱਖਣੀ ਧਰੁਵੀ ਖੇਤਰ ਦੇ ਨੇੜੇ ਉਤਰਨ ਵਾਲਾ ਪਹਿਲਾ ਦੇਸ਼ ਬਣ ਗਿਆ ਸੀ।

---------------------------------------------------------

ਪੰਜਾਬ ਨੂੰ ਸਾਫ-ਸੁਥਰਾ ਤੇ ਕੂੜਾ ਰਹਿਤ ਬਣਾਉਣ ਅਤੇ ਸ਼ੁੱਧ ਵਾਤਾਵਰਣ ਰੱਖਣ ਦੀ ਸਰਕਾਰ ਦੀ ਵਚਨਬੱਧਤਾ ਤਹਿਤ ਮੁੱਖ ਸਕੱਤਰ ਅਨੁਰਾਗ ਵਰਮਾ ਨੇ ਸੂਬੇ ਦੇ ਸ਼ਹਿਰਾਂ ਤੇ ਕਸਬਿਆਂ ਵਿੱਚ ਇਸ ਸਬੰਧੀ ਵਿਸ਼ੇਸ਼ ਮੁਹਿੰਮ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਨੇ। ਸਥਾਨਕ ਸਰਕਾਰਾਂ ਵਿਭਾਗ ਦੇ ਅਧਿਕਾਰੀਆਂ ਨੂੰ ਨਾਲ ਲੈ ਕੇ ਸਮੂਹ ਡਿਪਟੀ ਕਮਿਸ਼ਨਰਾਂ, ਨਗਰ ਨਿਗਮ ਕਮਿਸ਼ਨਰਾਂ, ਵਧੀਕ ਡਿਪਟੀ ਕਮਿਸ਼ਨਰਾਂ ਅਤੇ ਨਗਰ ਕੌਂਸਲ ਤੇ ਪੰਚਾਇਤਾਂ ਦੇ ਕਾਰਜਸਾਧਕ ਅਫਸਰਾਂ ਨਾਲ ਕਲ ਇਕ ਮੀਟਿੰਗ ਕਰਦਿਆਂ ਉਨਾਂ ਕਿਹਾ ਕਿ ਸ਼ਹਿਰਾਂ ਵਿੱਚ ਕੂੜਿਆਂ ਦੇ ਢੇਰ ਨੂੰ ਹਟਾਇਆ ਜਾਵੇ। ਇਸ ਸਬੰਧੀ ਵਿਆਪਕ ਯੋਜਨਾ ਬਣਾਉਂਦਿਆਂ ਇਸ ਦਾ ਪ੍ਰਭਾਵਸ਼ਾਲੀ ਤਰੀਕੇ ਨਾਲ ਤੁਰੰਤ ਪ੍ਰਬੰਧਨ ਕੀਤਾ ਜਾਵੇ। ਉਨਾਂ ਕਿਹਾ ਕਿ ਇਸ ਵਿਸ਼ੇਸ਼ ਮੁਹਿੰਮ ਤਹਿਤ ਨਵੇਂ ਉਪਰਾਲੇ ਕਰਦਿਆਂ ਲੰਬੇ ਸਮੇਂ ਤੋਂ ਇਕੱਠੇ ਹੋਏ ਕੂੜੇ ਨੂੰ ਚੁਕਾਉਣ ਦਾ ਇੰਤਜ਼ਾਮ ਕੀਤਾ ਜਾਵੇ। ਅਨੁਰਾਗ ਵਰਮਾ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਸਫਾਈ ਅਭਿਆਨ ਦਾ ਨਿਰੰਤਰ ਜਾਇਜ਼ਾ ਲੈਣ ਅਤੇ ਇਸ ਤੋਂ ਇਲਾਵਾ ਜਿੱਥੇ ਸੀਵਰੇਜ

ਟਰੀਟਮੈਂਟ ਪਲਾਂਟ ਲਗਾਉਣ ਲਈ ਜਗ੍ਹਾਂ ਨਹੀਂ ਏ, ਉਥੇ ਡਿਪਟੀ ਕਮਿਸ਼ਨਰਾਂ ਨੂੰ ਜਗ੍ਹਾਂ ਉਪਲੱਬਧ ਕਰਵਾਉਣ ਲਈ ਕਿਹਾ ਗਿਆ। ਉਨ੍ਹਾਂ ਕਿਹਾ ਕਿ ਆਲੇ-ਦੁਆਲੇ ਦੀ ਸਫ਼ਾਈ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਏ ਅਤੇ ਲੋਕਾਂ ਨੂੰ ਸਾਫ ਚੌਗਿਰਦਾ ਮੁਹੱਈਆ ਕਰਵਾਉਣ ਲਈ ਉਪਰਾਲੇ ਤੇਜ਼ ਕਰਨੇ ਚਾਹੀਦੇ ਨੇ।

-----------------------------------------------------

ਕਰਮਚਾਰੀ ਭਵਿੱਖ ਨਿਧੀ ਸੰਗਠਨ-ਈ.ਪੀ.ਐਫ.ਓ. ਨੇ ਇਸ ਸਾਲ ਜੂਨ ਵਿੱਚ, 19 ਲੱਖ 29 ਹਜ਼ਾਰ ਮੈਂਬਰ ਸ਼ਾਮਲ ਕੀਤੇ ਨੇ, ਜਿਹੜੇ ਪਿਛਲੇ ਸਾਲ ਵਿਚ  ਇਸੇ ਮਹੀਨੇ ਦੇ ਮੁਕਾਬਲੇ, 7 ਫੀਸਦੀ ਵੱਧ ਨੇ। ਕਿਰਤ ਅਤੇ ਰੁਜ਼ਗਾਰ ਮੰਤਰਾਲੇ ਨੇ ਕਿਹਾ ਕਿ ਮੈਂਬਰਸ਼ਿਪ ਵਿਚ ਇਸ ਵਾਧੇ ਨੂੰ ਰੁਜ਼ਗਾਰ ਦੇ ਮੌਕੇ ਵਧਾਉਣ ਸਮੇਤ ਕਈ ਕਾਰਕਾਂ ਨਾਲ ਜੋੜਿਆ ਜਾ ਸਕਦਾ ਏ। ਅੰਕੜੇ ਦੱਸਦੇ ਨੇ ਕਿ ਇਸ ਸਾਲ ਜੂਨ 'ਚ ਲਗਭਗ 10 ਲੱਖ 25 ਹਜ਼ਾਰ ਨਵੇਂ ਮੈਂਬਰ ਭਰਤੀ ਹੋਏ ਨੇ।

-----------------------------------------------------

ਪੰਜਾਬ BJP ਦੇ ਮੀਤ ਪ੍ਰਧਾਨ ਅਤੇ ਸ੍ਰੀ ਆਨੰਦਪੁਰ ਸਾਹਿਬ ਤੋਂ ਲੋਕ

ਸਭਾ ਚੋਣ ਲੜ ਚੁੱਕੇ ਡਾ. ਸੁਭਾਸ਼ ਸ਼ਰਮਾ ਨੇ ਦਿੱਲੀ ਵਿਖੇ ਕਲ ਕੇਂਦਰੀ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨਾਲ ਮੁਲਾਕਾਤ ਕੀਤੀ।ਮੀਟਿੰਗ ਦੌਰਾਨ ਉਨ੍ਹਾਂ ਸ੍ਰੀ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਦੇ ਰੇਲਵੇ ਨਾਲ ਸਬੰਧਤ ਮਸਲਿਆਂ ਦੇ ਹੱਲ ਲਈ ਮੰਗ ਪੱਤਰ ਸੌਂਪਿਆ। ਉਨਾਂ ਮੁਹਾਲੀ, ਰੋਪੜ ਅਤੇ ਨਵਾਂਸ਼ਹਿਰ ਜ਼ਿਲ੍ਹਿਆਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਬਾਰੇ ਰੇਲ ਮੰਤਰੀ ਨੂੰ ਜਾਣਕਾਰੀ ਦਿੱਤੀ। ਡਾ. ਸ਼ਰਮਾ ਨੇ ਸੱਚਖੰਡ ਤੇ ਸਾਵਰਮਤੀ ਐਕਸਪ੍ਰੈਸ ਦਾ ਸਟਾਪੇਜ ਸ੍ਰੀ ਕੀਰਤਪੁਰ ਸਾਹਿਬ ਵਿਖੇ ਦੇਣ ਅਤੇ ਮੋਰਿੰਡਾ ਰੇਲਵੇ ਸਟੇਸ਼ਨ ਦਾ ਨਾਮ ਮਾਤਾ ਗੁਜਰੀ ਜੀ ਦੇ ਨਾਂ 'ਤੇ ਰੱਖਣ ਦੀ ਮੰਗ ਕੀਤੀ।

------------------------------------------------------

ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਡਵੀਜ਼ਨ ਨੇ ਸਾਈਬਰ ਵਿੱਤੀ ਧੋਖਾਧੜੀ ਕਰਨ ਵਾਲੇ ਅੰਤਰਰਾਜੀ ਗਿਰੋਹ ਦਾ ਪਰਦਾਫਾਸ਼ ਕਰਦਿਆਂ ਪੱਛਮੀ ਬੰਗਾਲ ਦੇ ਵੱਖ-ਵੱਖ ਜ਼ਿਲਿਆਂ ਤੋਂ ਤਿੰਨ ਸਾਈਬਰ ਅਪਰਾਧੀਆਂ ਨੂੰ ਗ੍ਰਿਫਤਾਰ ਕੀਤਾ ਏ। ਏ ਡੀ ਜੀ ਪੀ ਸਾਈਬਰ ਕ੍ਰਾਈਮ ਡਵੀਜਨ ਵੀ. ਨੀਰਜਾ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ ’ਚੋਂ ਤਿੰਨ

ਮੋਬਾਈਲ ਫ਼ੋਨ, ਇੱਕ ਲੈਪਟਾਪ ਅਤੇ 30 ਹਜ਼ਾਰ 900 ਰੁਪਏ ਦੀ ਨਕਦੀ ਵੀ ਬਰਾਮਦ ਕੀਤੀ ਏ। ਵੀ. ਨੀਰਜਾ ਨੇ ਦੱਸਿਆ ਕਿ ਗ੍ਰਿਫਤਾਰ ਤਿੰਨ ਮੁਲਜ਼ਮਾਂ ਵਿੱਚੋਂ ਦੋ ਫਲਿੱਪਕਾਰਟ ਦੇ ਕਰਮਚਾਰੀ ਨੇ, ਜਿਨ੍ਹਾਂ ਨੇ ਕਮਿਸ਼ਨ ਲਈ ਆਪਣੇ ਬੈਂਕ ਖਾਤੇ ਸਾਈਬਰ ਧੋਖਾਧੜੀ ਕਰਨ ਵਾਲਿਆਂ ਨੂੰ ਕਿਰਾਏ 'ਤੇ ਦਿੱਤੇ ਹੋਏ ਸਨ।

---------------------------------------------------

ਪੰਜਾਬ ਸਰਕਾਰ ਦੀ ਹਰਿਆਵਲ ਸਕੀਮ ਤਹਿਤ ਹਿਊਮਨ ਰਾਈਟਸ ਪ੍ਰੈਸ ਕਲੱਬ ਕਪੂਰਥਲਾ ਨੇ ਕਲ ਮਾਡਲ ਟਾਊਨ ਸਥਿਤ ਹਿਊਮਨ ਰਾਈਟਸ ਪ੍ਰੈਸ ਕਲੱਬ ਦੇ ਪਾਰਕ ਵਿੱਚ ਰੁੱਖ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ। ਮੁੱਖ ਮਹਿਮਾਨ ਵਜੋਂ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਜਨਰਲ ਸ਼ਿਖਾ ਭਗਤ ਨੇ ਮਿਆਵਾਕੀ ਪਰਪਲ ਅੰਬ ਦਾ ਇੱਕ ਵਿਲੱਖਣ ਕਿਸਮ ਦਾ ਬੂਟਾ ਲਗਾਇਆ। ਇਸ ਮੌਕੇ ਉਨ੍ਹਾਂ ਕਿਹਾ ਕਿ ਹਿਊਮਨ ਰਾਈਟਸ ਪ੍ਰੈੱਸ ਕਲੱਬ ਵੱਲੋਂ ਬਹੁਤ ਵਧੀਆ ਕੰਮ ਕੀਤਾ ਜਾ ਰਿਹਾ ਏ ਅਤੇ ਜੀਵਨ ਦੀ ਸੁਰੱਖਿਆ ਹੀ ਜੀਵਨ ਦਾ ਸਿਹਤਮੰਦ ਵਿਕਾਸ ਏ ਜਿਸ ਵਿੱਚ ਵਾਤਾਵਰਨ ਦੀ ਸ਼ੁੱਧਤਾ ਅਤੇ ਵਿਕਾਸ ਵਿੱਚ ਆਪਣਾ ਯੋਗਦਾਨ

ਜ਼ਰੂਰੀ ਏ। ਉਨਾਂ ਕਿਹਾ ਕਿ ਸੰਸਥਾ ਨੇ ਉਕਤ ਪਾਰਕ ਵਿੱਚ ਸਹਿਜਨਾ, ਅਰਜੁਨ, ਅਮਲਤਾਸ, ਨਿੰਮ, ਅਪਰਾਜਿਤਾ ਅਤੇ ਹੋਰ ਕਈ ਕਿਸਮ ਦੇ ਵਹਿਣ ਵਾਲੇ ਦਰੱਖਤ ਲਗਾਏ ਨੇ, ਜਿਸ ਤੋਂ ਇਹ ਗੱਲ ਸਪੱਸ਼ਟ ਹੁੰਦੀ ਏ ਕਿ ਉਕਤ ਪਾਰਕ ਦੇ ਨਾਲ-ਨਾਲ ਸੰਸਥਾ ਲੋਕਾਂ ਦੀ ਸਿਹਤ ਦਾ ਵੀ ਖਿਆਲ ਰੱਖਦੀ। ਸ਼ਿਖਾ ਭਗਤ ਨੇ ਸੰਸਥਾ ਦੇ ਸਮੂਹ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ। ਸੰਸਥਾ ਦੇ ਮੁਖੀ ਸੁਕੇਤ ਗੁਪਤਾ ਨੇ ਦੱਸਿਆ ਕਿ ਇਸ ਪਾਰਕ ਵਿੱਚ ਜ਼ਿਆਦਾਤਰ ਦਰੱਖਤ ਅਤੇ ਪੌਦੇ ਦਵਾਈਆਂ ਨਾਲ ਸਬੰਧਤ ਨੇ। ਆਲ ਇੰਡੀਆ ਸਿਟੀਜ਼ਨ ਫੋਰਮ ਦੇ ਪ੍ਰਧਾਨ ਅਤੇ ਸੀਨੀਅਰ ਪੱਤਰਕਾਰ ਬੀ.ਐਨ.ਗੁਪਤਾ ਨੇ ਕਿਹਾ ਕਿ ਅੱਜ ਗਲੋਬਲ ਵਾਰਮਿੰਗ ਕਾਰਨ ਰੁੱਖ ਲਗਾਉਣ ਦੀ ਬਹੁਤ ਜਰੂਰਤ ਏ ਅਤੇ ਰੁੱਖ ਲਗਾਉਣ ਦਾ ਇਹ ਮੌਸਮ ਸਭ ਤੋਂ ਢੁਕਵਾਂ ਸਮਾਂ ਏ।